**Anjali Bhawra, IAS**
**Principal Secretary**
**ਪ੍ਰਮੁੱਖ ਸਕੱਤਰ**
Tele. No. :0172-2742680
ਟੈਲੀਫੋਨ ਨੰ. :

D.O. No. 2/16/09-2ਸਿ੩/374
ਅੱਧ ਸ. ਪੱ. ਨੰ.

**Government of Punjab**
ਪੰਜਾਬ ਸਰਕਾਰ
**Department of School Education**
ਸਕੂਲ ਸਿੱਖਿਆ ਵਿਭਾਗ
Chandigarh, the
ਚੰਡੀਗੜ੍ਹ 19-2-14

ਵਿਸ਼ਾ:- ਰਾਜ ਦੇ ਸਾਰੇ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਅਤੇ ਬੋਲਣ ਤੇ ਪਾਬੰਦੀ ਸਬੰਧੀ।

ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਰਾਜ ਦੇ ਬਹੁਤ ਸਾਰੇ ਗੈਰ-ਸਰਕਾਰੀ ਸਕੂਲ ਜਿਹੜੇ ਕਿ ਵਿਸ਼ੇਸ਼ ਤੌਰ ਤੇ ਸੀ.ਬੀ.ਐਸ.ਈ. ਅਤੇ ਆਈ.ਸੀ.ਐਸ.ਈ. ਨਾਲ ਸਬੰਧਤ ਹਨ ਵਲੋਂ ਅਜੇ ਤੱਕ ਵੀ ਪਹਿਲੀ ਤੋਂ ਦੱਸਵੀਂ ਤੱਕ ਪੰਜਾਬੀ ਦੀ ਪੜ੍ਹਾਈ ਇੱਕ ਲਾਜ਼ਮੀ ਵਿਸ਼ੇ ਵਜੋਂ ਨਹੀਂ ਕਰਵਾਈ ਜਾ ਰਹੀ, ਜਦੋਂ ਕਿ ਇਸ ਸਬੰਧੀ 2008 ਵਿੱਚ ਪੰਜਾਬ ਸਰਕਾਰ ਵਲੋਂ ਬਕਾਇਦਾ ਇੱਕ ਐਕਟ ਵੀ ਪਾਸ ਕਰਵਾਇਆ ਗਿਆ ਸੀ ਅਤੇ ਇਸ ਸਬੰਧੀ ਬਕਾਇਦਾ 22 ਅਕਤੂਬਰ 2008 ਨੂੰ ਰਾਜ ਦੇ ਵਿਧਾਨਕ ਤੇ ਕਾਨੂੰਨ ਵਿਭਾਗ ਵਲੋਂ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਜਾ ਚੁੱਕਾ ਹੈ।

ਇਸ ਐਕਟ ਦੀ ਧਾਰਾ 3(1) ਵਿੱਚ ਇਹ ਵਿਵਸਥਾ ਕੀਤੀ ਗਈ ਹੈ ਕਿ ਰਾਜ ਦੇ ਸਾਰੇ ਸਕੂਲ ਪਹਿਲੀ ਤੋਂ ਦੱਸਵੀਂ ਤੱਕ ਪੰਜਾਬੀ ਇੱਕ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣਗੇ। ਇਸੇ ਐਕਟ ਦੀ ਧਾਰਾ 3(2) ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਸੰਸਥਾ ਜਾਂ ਬੋਰਡ ਕਿਸੇ ਵੀ ਵਿਦਿਆਰਥੀ ਨੂੰ ਦਸਵੀਂ ਪਾਸ ਕਰਨ ਦਾ ਸਰਟੀਫਿਕੇਟ ਜਾਰੀ ਨਹੀਂ ਕਰੇਗਾ, ਜਦੋਂ ਤੱਕ ਸਬੰਧਤ ਵਿਦਿਆਰਥੀ ਨੇ ਦੱਸਵੀਂ ਵਿੱਚ ਪੰਜਾਬੀ ਦਾ ਵਿਸ਼ਾ ਪਾਸ ਨਾ ਕੀਤਾ ਹੋਵੇ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜ਼ਿਲ੍ਹੇ ਦੇ ਹਾਇਰ ਸੈਕੰਡਰੀ ਅਤੇ ਐਲੀਮੈਂਟਰੀ ਸਕੂਲਾਂ ਦੇ ਸਿੱਖਿਆ ਅਫਸਰਾਂ ਨਾਲ ਤਾਲਮੇਲ ਕਰਕੇ ਇਹ ਯਕੀਨੀ ਬਣਾਓ ਕਿ ਤੁਹਾਡੇ ਜ਼ਿਲ੍ਹੇ ਦੇ ਸਾਰੇ ਗੈਰ-ਸਰਕਾਰੀ ਸਕੂਲਾਂ ਵਿੱਚ ਪਹਿਲੀ ਤੋਂ ਦਸਵੀਂ ਤੱਕ ਪੰਜਾਬੀ ਵਿਸ਼ੇ ਦੀ ਪੜ੍ਹਾਈ ਲਾਜ਼ਮੀ ਤੌਰ ਤੇ ਕਰਵਾਈ ਜਾਵੇ।

ਸਰਕਾਰ ਦੇ ਧਿਆਨ ਵਿੱਚ ਇਹ ਵੀ ਆਇਆ ਹੈ ਕਿ ਕਈ ਗੈਰ-ਸਰਕਾਰੀ ਸਕੂਲਾਂ ਨੇ ਸਕੂਲਾਂ ਦੇ ਅੰਦਰ ਪੰਜਾਬੀ ਬੋਲਣ ਤੇ ਪਾਬੰਦੀਆਂ ਲਾਈਆਂ ਹੋਈਆਂ ਹਨ ਅਤੇ ਵਿਦਿਆਰਥੀਆਂ ਨੂੰ ਉਲੰਘਣਾ ਕਰਨ ਤੇ ਸਜ਼ਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਪੰਜਾਬੀ ਭਾਸ਼ਾ ਦੇ ਆਧਾਰ ਤੇ ਗਠਿਤ ਸੂਬੇ ਵਿੱਚ ਅਜਿਹਾ ਹੋਣਾ ਰਾਜ ਦੇ ਲੋਕਾਂ ਦੀ ਮਾਂ-ਬੋਲੀ ਦਾ ਨਿਰਾਦਰ ਹੈ ਅਤੇ ਅਜਿਹਾ ਅਮਲ ਬੱਚਿਆਂ ਦੇ ਮੌਲਿਕ ਅਧਿਕਾਰਾਂ ਦੀ ਵੀ ਉਲੰਘਣਾ ਹੈ। ਆਪਣੇ ਜ਼ਿਲ੍ਹੇ ਦੇ ਗੈਰ-ਸਰਕਾਰੀ ਸਕੂਲਾਂ ਨੂੰ ਸੂਚਿਤ ਕਰਕੇ ਇਹ ਸਿਲਸਿਲਾ ਬੰਦ ਕਰਵਾਉਣ ਲਈ ਵੀ ਪ੍ਰਭਾਵੀ ਕਦਮ ਚੁੱਕੇ ਜਾਣ।

ਹਿਤੂ,

(ਅੰਜਲੀ ਭਾਵੜਾ)

ਸਮੂਹ ਡਿਪਟੀ ਕਮਿਸ਼ਨਰ, ਪੰਜਾਬ।

ਨੰ: 2/16/09-2ਸਿ੩/398 ਮਿਤੀ 19-2-14

ਇਸ ਦਾ ਇਕ ਉਤਾਰਾ ਸ੍ਰੀ ਕਮਲ ਕੁਮਾਰ ਗਰਗ, ਡਾਇਰੈਕਟਰ, ਸਿੱਖਿਆ ਵਿਭਾਗ, ਪੰਜਾਬ (ਸੈਕੰਡਰੀ) ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਇਸ ਦੀ ਕਾਪੀ ਸਮੂਹ ਮੰਡਲ ਸਿੱਖਿਆ ਅਫਸਰਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ (ਸੈਕੰਡਰੀ ਅਤੇ ਐਲੀਮੈਂਟਰੀ) ਨੂੰ ਲੋੜੀਂਦੀ ਕਾਰਵਾਈ ਲਈ ਤੁਰੰਤ ਭੇਜਣ ਦੀ ਖੇਚਲ ਕੀਤੀ ਜਾਵੇ।

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,